ਪੰਜਾਬੀ ਪੜੋ, ਪੰਜਾਬੀ ਪੜ੍ਹੋ, ਪੰਜਾਬੀ ਲਿਖੋ

2.24 91400

## ਦਫ਼ਤਰ, ਜ਼ਿਲ੍ਹਾ ਭਾਸ਼ਾ ਅਫ਼ਸਰ, ਬਠਿੰਡਾ


ਕਮਰਾ ਨੰ. 225 ਈ-227 ਈ, ਪਹਿਲੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਠਿੰਡਾ-151001

ਈ-ਮੇਲ dlobti.pblanguages@gmail.com


ਵੱਲ,

ਸਮੂਹ ਸਰਕਾਰੀ ਦਫ਼ਤਰਾਂ/ ਵਿਭਾਗਾਂ/ਅਦਾਰਿਆਂ/ਸੰਸਥਾਵਾਂ/ਵਿੱਦਿਅਕ ਅਦਾਰਿਆਂ/ਬੋਰਡਾਂ/ਨਿਗਮਾਂ ਅਤੇ ਗੈਰ-ਸਰਕਾਰੀ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਦੇ ਮੁਖੀ,
ਜ਼ਿਲ੍ਹਾ ਬਠਿੰਡਾ।

ਪੱਤਰ ਨੰ. ਪੰ.ਪ੍ਰਚਾ.-2024 306 ਮਿਤੀ, ਬਠਿੰਡਾ/23/07/24(ਈ-ਮੇਲ ਰਾਹੀਂ)

**ਵਿਸ਼ਾ-** **ਪੰਜਾਬ ਰਾਜ ਦੇ ਸਮੂਹ ਸਰਕਾਰੀ ਦਫ਼ਤਰਾਂ/ਵਿਭਾਗਾਂ/ਅਦਾਰਿਆਂ/ਸੰਸਥਾਵਾਂ/ ਵਿੱਦਿਅਕ ਅਦਾਰਿਆਂ/ ਬੋਰਡਾਂ/ ਨਿਗਮਾਂ ਅਤੇ ਗੈਰ-ਸਰਕਾਰੀ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਆਦਿ ਦੇ ਨਾਮ ਅਤੇ ਸੜਕਾਂ ਦੇ ਨਾਮ/ਨਾਮ ਪੱਟੀਆਂ/ਮੀਲ ਪੱਥਰ/ ਸਾਇਨ ਬੋਰਡ ਪੰਜਾਬੀ ਭਾਸ਼ਾ ਵਿਚ ਲਿਖੇ ਜਾਣ ਸੰਬੰਧੀ।**

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਸੰਬੰਧੀ ਇਸ ਦਫ਼ਤਰ ਦੇ ਪੱਤਰ ਨੰ. ਪੰ.ਪ੍ਰਚਾ.(ਸਰਕੂਲਰ)-2024/14 ਮਿਤੀ, ਪਟਿਆਲਾ/15.01.2024 ਅਤੇ ਸਕੱਤਰ, ਪੰਜਾਬ ਸਰਕਾਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ (ਸਿੱਖਿਆ ਸੈੱਲ) ਜੀ ਦੇ ਪੱਤਰ ਨੰ. 743460/202 ਮਿਤੀ, ਚੰਡੀਗੜ੍ਹ 15.12.2023 ਰਾਹੀਂ ਕਿਰਤ ਵਿਭਾਗ ਦੇ ਐਕਟ ਪੰਜਾਬ ਰਾਜ ਦੁਕਾਨਾਂ ਅਤੇ ਵਪਾਰਕ ਸਥਾਪਨਾ (ਪਹਿਲੀ ਤਰਮੀਮ) ਨਿਯਮ-2023 ਦੀ ਕਾਪੀ ਇਸ ਪੱਤਰ ਨਾਲ ਨੱਥੀ ਕਰਕੇ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਬਠਿੰਡਾ ਦੇ ਸਮੂਹ ਸਰਕਾਰੀ ਦਫ਼ਤਰਾਂ/ਵਿਭਾਗਾਂ/ਅਦਾਰਿਆਂ/ਸੰਸਥਾਵਾਂ/ਵਿੱਦਿਅਕ ਅਦਾਰਿਆਂ/ਬੋਰਡਾਂ/ਨਿਗਮਾਂ ਅਤੇ ਗੈਰ-ਸਰਕਾਰੀ ਸੰਸਥਾਵਾਂ /ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਆਦਿ ਦੇ ਨਾਮ ਅਤੇ ਸੜਕਾਂ ਦੇ ਨਾਮ/ਨਾਮ ਪੱਟੀਆਂ/ਮੀਲ ਪੱਥਰ/ ਸਾਇਨ ਬੋਰਡ ਪੰਜਾਬੀ ਭਾਸ਼ਾ ਵਿਚ ਲਿਖਣੇ ਲਾਜ਼ਮੀ ਹਨ। ਜੇਕਰ ਕਿਸੇ ਹੋਰ ਭਾਸ਼ਾ ਵਿਚ ਲਿਖਣਾ ਹੋਵੇ ਤਾਂ ਸਭ ਤੋਂ ਪਹਿਲਾਂ ਉਪਰਲੇ ਪਾਸੇ ਪੰਜਾਬੀ ਭਾਸ਼ਾ (ਗੁਰਮੁਖੀ ਲਿਪੀ) ਵਿਚ ਲਿਖਿਆ ਜਾਵੇ ਅਤੇ ਹੋਰਨਾਂ ਭਾਸ਼ਾਵਾਂ ਵਿੱਚ ਉਸ ਤੋਂ ਹੇਠਾਂ ਲਿਖਿਆ ਜਾਵੇ। ਸਰਕਾਰ ਦੀਆਂ ਹਦਾਇਤਾਂ ਦੀ ਪਹਿਲੀ ਉਲੰਘਣਾ ਕਰਨ 'ਤੇ 1000/- ਰੁਪਏ ਅਤੇ ਦੂਜੀ ਉਲੰਘਣਾ ਕਰਨ 'ਤੇ 2000/- ਰੁਪਏ ਜੁਰਮਾਨੇ ਦੀ ਵੀ ਵਿਵਸਥਾ ਸਰਕਾਰ ਵੱਲੋਂ ਕੀਤੀ ਗਈ ਹੈ। ਆਪ ਦੇ ਅਧੀਨ ਆਉਂਦੇ ਸਰਕਾਰੀ/ਗੈਰ-ਸਰਕਾਰੀ ਅਤੇ ਨਿਜੀ ਦਫ਼ਤਰ/ਵਿਭਾਗ/ਅਦਾਰੇ/ਸੰਸਥਾ ਆਦਿ ਨੂੰ ਸੂਚਿਤ ਕਰਦੇ ਹੋਏ ਸਰਕਾਰ ਦੀਆਂ ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨਾ ਯਕੀਨੀ ਬਣਾਇਆ ਜਾਵੇ। ਇਸ ਤੋਂ ਇਲਾਵਾ ਮੁਨਿਆਦੀ ਕਰਵਾ ਕੇ ਅਤੇ ਨਿੱਜੀ ਰਾਬਤਾ ਬਣਾ ਕੇ ਆਪਣੇ ਅਧੀਨ ਆਉਂਦੇ ਸਰਕਾਰੀ/ਅਰਧ ਸਰਕਾਰੀ ਅਦਾਰਿਆਂ/ਨਿੱਜੀ ਅਦਾਰਿਆਂ/ਦੁਕਾਨਦਾਰਾਂ ਆਦਿ ਨੂੰ ਉਕਤ ਐਕਟ ਬਾਰੇ ਜਾਣੂ ਕਰਵਾਇਆ ਜਾਵੇ ਜੀ। ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਆਉਣ ਵਾਲੇ ਦਿਨਾਂ 'ਚ ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਵੱਲੋਂ ਉਕਤ ਸੰਬੰਧੀ ਸ਼ਹਿਰ ਦਾ ਮੁਆਇਨਾ ਕੀਤਾ ਜਾਣਾ ਹੈ ਅਤੇ ਹੁਕਮਾਂ ਦੀ ਉਲੰਘਣਾ ਵਿਰੁੱਧ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਜੀ।

ਜ਼ਿਲ੍ਹਾ ਭਾਸ਼ਾ ਅਫ਼ਸਰ
ਬਠਿੰਡਾ

**ਪਿੱਠ ਅੰਕਣ ਨੰ. ਪੰ. ਪ੍ਰਚਾ. (2024)/** 307 **ਮਿਤੀ,ਬਠਿੰਡਾ/** 23/07/24

ਉਤਾਰਾ:- ਮਾਨਯੋਗ ਡਿਪਟੀ ਕਮਿਸ਼ਨਰ, ਬਠਿੰਡਾ ਨੂੰ ਸੂਚਨਾ ਹਿਤ ਭੇਜਿਆ ਜਾ ਰਿਹਾ ਹੈ ਜੀ।

ਜ਼ਿਲ੍ਹਾ ਭਾਸ਼ਾ ਅਫ਼ਸਰ
ਬਠਿੰਡਾ

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ**

ਪਿਠ ਅੰਕਣ ਨੰ :ਜੀ-1/1 ( )2024/ 10044 ਮਿਤੀ: 24/7/24

ਉਤਾਰਾ ਸਮੂਹ ਸਕੂਲ ਮੁਖੀਆਂ (ਸਰਕਾਰੀ/ਏਡਿਡ/ਪ੍ਰਾਈਵੇਟ )ਨੂੰ ,ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਵਿਚ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ।

Scanned with CamScanner

ਜ਼ਿਲ੍ਹਾ ਸਿੱਖਿਆ ਅਫ਼ਸਰ
ਬਠਿੰਡਾ
24/7/24

ਦਫ਼ਤਰ ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ, ਪਟਿਆਲਾ

(ਪ੍ਰਸ਼ਾਸਨ ਸ਼ਾਖਾ)

ਵੱਲ

ਸਹਾਇਕ ਡਾਇਰੈਕਟਰ (ਪੀਈ/ਪੰਜਾਬੀ ਸੈੱਲ) ਚੰਡੀਗੜ੍ਹ।

ਜ਼ਿਲ੍ਹਾ ਭਾਸ਼ਾ ਅਫ਼ਸਰ/ਖੋਜ ਅਫ਼ਸਰ

-------------

ਨੰ.ਪੰ.ਪ੍ਰਸ਼.(ਸਰਕੁਲਰ)-2024/ 982-1006

ਮਿਤੀ, ਪਟਿਆਲਾ/ 11/01/2024

ਵਿਸ਼ਾ:- ਸਰਕਾਰੀ, ਅਰਧ ਸਰਕਾਰੀ ਦਫ਼ਤਰਾਂ/ਵਿਭਾਗਾਂ/ਅਦਾਰਿਆਂ/ਸੰਸਥਾਵਾਂ/ਵਿਦਿਅਕ ਅਦਾਰਿਆਂ/ਬੋਰਡਾਂ/ਨਿਗਮਾਂ/ ਗੈਰ ਸਰਕਾਰੀ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਆਦਿ ਦੇ ਨਾਮ ਅਤੇ ਸੜਕਾਂ ਦੇ ਨਾਮ/ਨਾਮ ਪੱਟੀਆਂ/ਮੀਲ ਪੱਥਰ/ਸਾਈਨ ਬੋਰਡ ਲਿਖਣ ਸਮੇਂ ਸਮੇਂ ਸਭ ਤੋਂ ਪਹਿਲਾਂ ਉਪਰਲੇ ਪਾਸੇ ਪੰਜਾਬੀ ਭਾਸ਼ਾ (ਗੁਰਮੁਖੀ ਲਿਪੀ) ਵਿਚ ਲਿਖੇ ਜਾਣ।

ਉਪਰੋਕਤ ਵਿਸ਼ੇ ਤੇ ਸਰਕਾਰ ਦੇ ਪੱਤਰ ਨੰ.743460/202, ਮਿਤੀ 15.12.2023 ਰਾਹੀਂ ਵਿਭਾਗ ਨੂੰ ਲਿਖਿਆ ਗਿਆ ਹੈ ਕਿ ਵਿਸ਼ਾ ਦਰਜ ਮਾਮਲੇ ਸਬੰਧੀ ਆਮ ਜਨਤਾ ਨੂੰ ਜਾਣੂ ਕਰਵਾਉਣ ਲਈ ਮੁਹਿੰਮ ਚਲਾਈ ਜਾਵੇ। ਇਸ ਲਈ ਆਪ ਨੂੰ ਲਿਖਿਆ ਜਾਂਦਾ ਹੈ ਕਿ ਪ੍ਰਸ਼ਾਸ਼ਨ ਦੀ ਮੱਦਦ ਨਾਲ ਆਪਣੇ-ਆਪਣੇ ਜ਼ਿਲ੍ਹੇ ਦੇ ਕਾਰਜ ਸਾਧਕ ਅਫ਼ਸਰ ਸਮੂਹ ਨਗਰ ਕੌਂਸਲਾਂ, ਵਪਾਰਕ ਮੰਡਲ ਦੇ ਪ੍ਰਧਾਨਾਂ, ਬੈਂਕਾਂ ਦੇ ਮੈਨੇਜਰਾਂ, ਮਾਰਕਿਟ ਕਮੇਟੀ, ਪ੍ਰਾਈਵੇਟ ਸਕੂਲਾਂ ਅਤੇ ਨਗਰ ਪੰਚਾਇਤਾਂ ਆਦਿ ਨਾਲ ਮੀਟਿੰਗਾਂ ਕਰਕੇ ਮੁਨਾਦੀਆਂ ਰਾਹੀਂ ਦੁਕਾਨਦਾਰਾਂ ਨੂੰ ਬੋਰਡ ਪੰਜਾਬੀ ਵਿਚ ਲਗਾਉਣ ਲਈ ਹਦਾਇਤ ਕੀਤੀ ਜਾਵੇ। ਮੁਨਿਆਦੀ ਰਾਹੀਂ ਦੁਕਾਨਦਾਰਾਂ ਨੂੰ ਸਰਕਾਰ ਦੇ ਹੁਕਮ ਮਿਤੀ 05.12.2022 ਤੋਂ ਜਾਣੂ ਕਰਵਾਉਂਦੇ ਹੋਏ ਇਹ ਹਦਾਇਤ ਕੀਤੀ ਜਾਵੇ ਕਿ ਪੰਜਾਬ ਰਾਜ ਵਿਚ ਸਮੂਹ ਸਰਕਾਰੀ, ਅਰਧ ਸਰਕਾਰੀ ਦਫ਼ਤਰਾਂ/ਵਿਭਾਗਾਂ/ਅਦਾਰਿਆਂ/ਸੰਸਥਾਵਾਂ/ਵਿਦਿਅਕ ਅਦਾਰਿਆਂ/ਬੋਰਡਾਂ/ਨਿਗਮਾਂ/ਗੈਰ ਸਰਕਾਰੀ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਆਦਿ ਦੇ ਨਾਮ ਅਤੇ ਸੜਕਾਂ ਦੇ ਨਾਮ/ਨਾਮ ਪੱਟੀਆਂ/ਮੀਲ ਪੱਥਰ/ਸਾਈਨ ਬੋਰਡ ਲਿਖਣ ਸਮੇਂ ਸਭ ਤੋਂ ਪਹਿਲਾਂ ਉਪਰਲੇ ਪਾਸੇ ਪੰਜਾਬੀ ਭਾਸ਼ਾ (ਗੁਰਮੁਖੀ ਲਿਪੀ) ਵਿਚ ਲਿਖੇ ਜਾਣ ਅਤੇ ਜੇਕਰ ਕਿਸੇ ਹੋਰ ਭਾਸ਼ਾ ਵਿਚ ਲਿਖਣਾ ਹੋਵੇ ਤਾਂ ਪੰਜਾਬੀ ਭਾਸ਼ਾ ਤੋਂ ਹੇਠਾਂ ਦੂਸਰੀ ਭਾਸ਼ਾ ਵਿਚ ਲਿਖਿਆ ਜਾਵੇ (ਕਾਪੀ ਨੱਥੀ ਹੈ)।

ਇਸ ਤੋਂ ਇਲਾਵਾ ਮੁਨਿਆਦੀ ਰਾਹੀਂ ਇਹ ਵੀ ਸੂਚਿਤ ਕੀਤਾ ਜਾਵੇ ਕਿ ਕਿਰਤ ਵਿਭਾਗ ਦੇ ਐਕਟ ਪੰਜਾਬ ਰਾਜ ਦੁਕਾਨਾਂ ਅਤੇ ਵਪਾਰਕ ਸਥਾਪਨਾ (ਪਹਿਲੀ ਤਰਮੀਮ) ਨਿਯਮ-2023 ਅਨੁਸਾਰ ਇਨ੍ਹਾਂ ਹਦਾਇਤਾਂ ਦੀ ਉਲੰਘਣਾ ਕਰਨ ਵਾਲੇ ਵਿਅਕਤੀ/ਅਦਾਰੇ ਨੂੰ ਪਹਿਲੀ ਉਲੰਘਣਾ ਕਰਨ ਤੇ 1000/-ਰੁਪਏ ਅਤੇ ਜੇਕਰ ਫਿਰ ਵੀ ਇਨ੍ਹਾਂ ਹਦਾਇਤਾਂ ਦੀ ਪਾਲਣਾ ਨਹੀਂ ਕੀਤੀ ਜਾਂਦੀ ਹੈ ਤਾਂ ਦੂਜੀ ਉਲੰਘਣਾ ਕਰਨ ਤੇ 2000/-ਰੁਪਏ ਜੁਰਮਾਨਾ ਕੀਤਾ ਜਾਵੇਗਾ (ਐਕਟ ਦੀ ਅੰਗਰੇਜ਼ੀ ਤੋਂ ਪੰਜਾਬੀ ਵਿਚ ਅਨੁਵਾਦ ਕੀਤੀ ਕਾਪੀ ਨੱਥੀ ਹੈ)।

ਉਕਤ ਸਬੰਧੀ ਕੀਤੀ ਗਈ ਕਾਰਵਾਈ ਦੀ ਰਿਪੋਟ ਇਕ ਹਫ਼ਤੇ ਦੇ ਅੰਦਰ ਵਿਭਾਗ ਨੂੰ ਭੇਜਣੀ ਯਕੀਨੀ ਬਣਾਈ ਜਾਵੇ।

ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ

ਪਿੱਠ ਅੰਕਣ ਨੰ.ਪੰ.ਪ੍ਰਸ਼.(152-5)-2024/ ਮਿਤੀ, ਪਟਿਆਲਾ/

ਉਤਾਰਾ:- ਸਕੱਤਰ, ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ (ਸਿੱਖਿਆ ਸੈੱਲ) ਚੰਡੀਗੜ੍ਹ ਨੂੰ ਪੱਤਰ ਨੰ. HED-EDUC06/3/2020-2EDUCELL/1/743460/202, ਮਿਤੀ 15.12.2023 ਦੇ ਹਵਾਲੇ ਵਿਚ ਸੂਚਨਾ ਹਿਤ ਭੇਜਿਆ ਜਾਂਦਾ ਹੈ ਜੀ।

ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ